**Vigilance Bureau Punjab**

**VIGILANCE NABS REVENUE PATWARI FOR TAKING BRIBE**

Chandigarh, July 16: State Vigilance Bureau nabbed a Revenue Patwari red handed while accepting bribe of Rs. 4,000.

Disclosing this here an official spokesperson of the Vigilance Bureau said Rajinder Singh, Patwari posted at Thatha Kishan Singh in Ferozepur district was nabbed red handed by Vigilance team for accepting bribe of Rs. 4,000 from complainant Buta Singh of Thatha Kishan Singh in Ferozepur district.

The Complainant has approached the VB that the above said Patwari was demanding Rs. 4,000/- to enter girdawari in his name in the land record.

After verifying his information, the Vigilance team laid a trap and the accused Patwari and a private person were arrested on the spot while accepting bribe of Rs. 4,000/- from the complainant in the presence of two official witnesses

He informed that a case under Prevention of Corruption Act has been registered against the accused at VB police station Ferozepur and further investigation was under progress.

-------------------------------

**ਵਿਜੀਲੈਂਸ ਬਿਓਰੋ ਪੰਜਾਬ**

## ਵਿਜੀਲੈਂਸ ਵਲੋਂ 4,000 ਦੀ ਰਿਸ਼ਵਤ ਲੈਂਦਾ ਪਟਵਾਰੀ ਕਾਬੂ

ਚੰਡੀਗੜ੍ਹ, 16 ਜੁਲਾਈ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਮਾਲ ਹਲਕਾ ਠੱਠਾ ਕਿਸ਼ਨ ਸਿੰਘ, ਜਿਲਾ ਫਿਰੋਜਪੁਰ ਵਿਖੇ ਤਾਇਨਾਤ ਪਟਵਾਰੀ ਰਜਿੰਦਰ ਸਿੰਘ ਨੂੰ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਰਜਿੰਦਰ ਸਿੰਘ ਨੂੰ ਸ਼ਿਕਾਇਤਕਰਤਾ ਬੂਟਾ ਸਿੰਘ ਵਾਸੀ ਠੱਠਾ ਕਿਸ਼ਨ ਸਿੰਘ, ਜਿਲਾ ਫਿਰੋਜਪੁਰ ਦੀ ਸ਼ਿਕਾਇਤ ’ਤੇ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੀ ਜਮੀਨ ਦਾ ਹਿੱਸਾ ਪੂਰਾ ਕਰਨ ਅਤੇ ਉਸ ਦੀ ਜਮੀਨ ਦੀਆਂ ਗਿਰਦਾਵਰੀਆਂ ਜੋ ਉਸ ਦੇ ਪਿਤਾ ਦੇ ਨਾਮ ’ਤੇ ਚਲ ਰਹੀਆਂ ਹਨ ਨੂੰ ਉਸ ਦੇ ਨਾਮ ’ਤੇ ਕਰਨ ਬਦਲੇ ਉਕਤ ਪਟਵਾਰੀ ਵਲੋ 4,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਫਿਰੋਜਪੁਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------